# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 31-03-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਸਾਬਕਾ ਉਪ-ਪ੍ਰਧਾਨ ਮੰਤਰੀ ਲਾਲ ਕ੍ਰਿਸ਼ਨ ਅਡਵਾਨੀ ਨੂੰ, ਦੇਸ਼ ਦੇ ਸਰਵਉੱਚ ਨਾਗਰਿਕ ਸਨਮਾਨ 'ਭਾਰਤ ਰਤਨ' ਨਾਲ ਸਨਮਾਨਿਤ ਕੀਤਾ।
- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਸੁਤੰਤਰ ਤੇ ਨਿਰਪੱਖ ਚੋਣਾਂ ਕਰਾਉਣ ਵਿੱਚ ਮੀਡੀਆ ਨੂੰ ਸਹਿਯੋਗ ਦਾ ਸੱਦਾ ਦਿੱਤਾ ।
- ਪੰਜਾਬ ਵਿੱਚ ਹਾੜੀ ਫ਼ਸਲ ਦੇ ਖਰੀਦ ਸੀਜ਼ਨ ਲਈ, ਕਣਕ ਦੀ ਖਰੀਦ ਪ੍ਰਕ੍ਰਿਆ ਭਲਕੇ ਪਹਿਲੀ ਅਪ੍ਰੈਲ ਤੋਂ ਸ਼ੁਰੂ ।
- ਜਲੰਧਰ ਲਾਗੇ ਆਦਮਪੁਰ ਏਅਰ ਪੋਰਟ ਤੋਂ ਹਵਾਈ ਉਡਾਣਾਂ ਕੋਈ ਚਾਰ ਸਾਲ ਮਗਰੋਂ, ਅੱਜ ਤੋਂ ਸ਼ੁਰੂ ਹੋਈਆਂ ।

-----------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਸਾਬਕਾ ਉਪ-ਪ੍ਰਧਾਨ ਮੰਤਰੀ ਲਾਲ ਕ੍ਰਿਸ਼ਨ ਅਡਵਾਨੀ ਨੂੰ ਦੇਸ਼ ਦੇ ਸਰਵਉੱਚ ਨਾਗਰਿਕ ਪੁਰਸਕਾਰ 'ਭਾਰਤ ਰਤਨ' ਨਾਲ ਸਨਮਾਨਿਤ ਕੀਤਾ। ਰਾਸ਼ਟਰਪਤੀ ਨੇ ਇਹ ਸਨਮਾਨ ਸੀਨੀਅਰ BJP ਨੇਤਾ ਲਾਲ ਕ੍ਰਿਸ਼ਨ ਅਡਵਾਨੀ ਦੇ ਨਿਵਾਸ ਸਥਾਨ 'ਤੇ ਦਿੱਤਾ। ਇਸ ਮੌਕੇ ਉਪ ਰਾਸ਼ਟਰਪਤੀ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਸਾਬਕਾ ਉਪ ਰਾਸ਼ਟਰਪਤੀ ਐਮ. ਵੈਂਕਈਆ ਨਾਇਡੂ, ਰੱਖਿਆ ਮੰਤਰੀ ਰਾਜਨਾਥ ਸਿੰਘ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਸ੍ਰੀ ਅਡਵਾਨੀ ਦੇ ਪਰਿਵਾਰਕ ਮੈਂਬਰ ਮੌਜੂਦ ਰਹੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਭਾਰਤੀ ਰਾਜਨੀਤੀ ਦੀ ਉਘੀ ਸ਼ਖਸੀਅਤ ਲਾਲ ਕ੍ਰਿਸ਼ਨ ਅਡਵਾਨੀ ਨੇ ਸੱਤ ਦਹਾਕਿਆਂ ਤੋਂ ਵੱਧ ਸਮੇਂ ਤੱਕ ਦ੍ਰਿੜ ਸਮਰਪਣ ਅਤੇ ਬੇਮਿਸਾਲ ਹੁਨਰ ਨਾਲ ਦੇਸ਼ ਦੀ ਸੇਵਾ ਕੀਤੀ। ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਇੱਕ ਸੰਸਦ ਮੈਂਬਰ ਦੇ ਤੌਰ 'ਤੇ ਸ਼੍ਰੀ ਅਡਵਾਨੀ ਨੇ ਸੰਸਦੀ ਰਿਵਾਇਤਾਂ ਨੂੰ ਅੱਗੇ ਵਧਾਇਆ। ਦੇਸ਼ ਦੇ ਗ੍ਰਹਿ ਮੰਤਰੀ ਅਤੇ ਉਪ ਪ੍ਰਧਾਨ ਮੰਤਰੀ ਹੋਣ ਦੇ

ਨਾਤੇ, ਉਨ੍ਹਾਂ ਨੇ ਹਮੇਸ਼ਾ ਰਾਸ਼ਟਰੀ ਹਿੱਤਾਂ ਨੂੰ ਪਹਿਲ ਦਿੱਤੀ, ਜਿਸ ਕਾਰਨ ਉਨ੍ਹਾਂ ਨੂੰ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪੂਰੇ ਦੇਸ਼ ਦਾ ਮਾਣ ਮਿਲਿਆ।

---------------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਅੱਜ ਚੰਡੀਗੜ੍ਹ ਪ੍ਰੈਸ ਕਲੱਬ ਦੇ ਅਹੁਦੇਦਾਰਾਂ ਦੀ ਸਾਲਾਨਾ ਚੋਣ ਦੇ ਸਬੰਧ ਵਿੱਚ ਚੰਡੀਗੜ੍ਹ ਪ੍ਰੈਸ ਕਲੱਬ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨੇ ਕਲੱਬ ਵੱਲੋਂ ਅਹੁਦੇਦਾਰਾਂ ਦੀ ਚੋਣ ਲਈ ਪੂਰੀ ਤਰ੍ਹਾਂ ਜਮਹੂਰੀ ਪ੍ਰਕਿਰਿਆ ਅਪਣਾਉਣ ਦੀ ਸ਼ਲਾਘਾ ਕੀਤੀ। ਉਨ੍ਹਾਂ ਪਾਰਦਰਸ਼ੀ, ਆਜ਼ਾਦ ਅਤੇ ਨਿਰਪੱਖ ਚੋਣਾਂ ਯਕੀਨੀ ਬਣਾਉਣ ਲਈ, ਪ੍ਰੈਸ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ। ਸਿਬਿਨ ਸੀ ਨੇ ਪੱਤਰਕਾਰਾਂ ਨੂੰ ਅਪੀਲ ਕੀਤੀ ਕਿ ਉਹ, ਚੋਣ ਕਮਿਸ਼ਨ ਦੀਆਂ ਅੱਖਾਂ ਤੇ ਕੰਨਾਂ ਵਜੋਂ ਕੰਮ ਕਰਨ ਤਾਂ ਜੋ ਪੰਜਾਬ ਭਰ ਵਿੱਚ ਆਦਰਸ਼ ਚੋਣ ਜ਼ਾਬਤੇ ਦੇ ਦਿਸ਼ਾ-ਨਿਰਦੇਸ਼ਾਂ ਨੂੰ ਪ੍ਰਭਾਵੀ ਢੰਗ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਇਆ ਜਾ ਸਕੇ। ਇਸ ਤੋਂ ਇਲਾਵਾ ਉਨ੍ਹਾਂ ਨੇ ਪੱਤਰਕਾਰਾਂ ਨੂੰ ਚੋਣ ਜ਼ਾਬਤੇ ਦੀ ਕਿਸੇ ਵੀ ਉਲੰਘਣਾ ਦੀ ਰਿਪੋਰਟ ਕਰਨ ਵਾਸਤੇ 'ਸੀ-ਵਿਜਿਲ' ਐਪਲੀਕੇਸ਼ਨ ਬਾਰੇ ਨਾਗਰਿਕਾਂ ਵਿੱਚ ਜਾਗਰੂਕਤਾ ਵਧਾਉਣ

ਵਿੱਚ ਸਹਿਯੋਗ ਦੇਣ ਲਈ ਕਿਹਾ। ਇਸ ਦੌਰਾਨ ਮੌਜੂਦ ਪੱਤਰਕਾਰਾਂ ਨੇ ਲੋਕ ਸਭਾ ਚੋਣਾਂ ਵਿੱਚ ਚੋਣ ਡਿਊਟੀ 'ਤੇ ਤਾਇਨਾਤ ਮੀਡੀਆ ਕਰਮੀਆਂ ਲਈ ਪੋਸਟਲ ਬੈਲਟ ਰਾਹੀਂ ਵੋਟ ਪਾਉਣ ਦੀ ਸਹੂਲਤ ਦੇਣ ਵਾਸਤੇ ਚੋਣ ਕਮਿਸ਼ਨ ਵੱਲੋਂ ਚੁੱਕੇ ਗਏ ਕਦਮ ਦੀ ਸ਼ਲਾਘਾ ਕੀਤੀ ਗਈ।

---------------------------------------------------------------

ਜਲੰਧਰ ਤੋਂ ਕੋਈ ਇਕ ਦਰਜਨ ਤੋਂ ਵੱਧ ਸਿਆਸੀ ਆਗੂ ਅੱਜ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਗਏ। ਜਿਆਦਾਤਰ ਆਗੂ ਆਮ ਆਦਮੀ ਪਾਰਟੀ ਨਾਲ ਜੁੜੇ ਦਸੇ ਜਾਂਦੇ ਨੇ। ਇਹ ਸਾਰੇ ਆਗੂ ਸੁਸ਼ੀਲ ਕੁਮਾਰ ਰਿੰਕੂ ਤੇ ਸ਼ੀਤਲ ਅੰਗੁਰਾਲ ਦੇ ਹਮਾਇਤੀ ਨੇ, ਜਿਹੜੇ ਕਿ ਬੀਤੇ ਦਿਨੀਂ BJP ਵਿੱਚ ਸ਼ਾਮਲ ਹੋਏ ਸਨ। ਚੰਡੀਗੜ੍ਹ ਵਿਖੇ ਪਾਰਟੀ ਦੇ ਦਫ਼ਤਰ ਵਿਚ ਅੱਜ ਹੋਏ ਇਕ ਸਮਾਗਮ ਦੌਰਾਨ ਇਹਨਾਂ ਨੇਤਾਵਾਂ ਨੇ BJP ਦੀ ਮੈਂਬਰਸ਼ਿਪ ਹਾਸਲ ਕੀਤੀ। ਸ਼ਾਮਲ ਹੋਣ ਵਾਲਿਆਂ ਵਿੱਚ ਕਮਲਜੀਤ ਸਿੰਘ ਭਾਟੀਆ, ਸੌਰਭ ਸੇਠ, ਕਵਿਤਾ ਸੇਠ, ਵਿਪਨ ਕੁਮਾਰ ਬੱਬੀ ਚੱਢਾ ਅਤੇ ਕੁਝ ਹੋਰ ਆਗੂ ਸ਼ਾਮਲ ਨੇ।

-----------------------------------------------------

ਪੰਜਾਬ ਵਿੱਚ ਹਾੜੀ ਫ਼ਸਲ ਦੇ ਖਰੀਦ ਸੀਜ਼ਨ ਲਈ ਕਣਕ ਦੀ ਖਰੀਦ ਪ੍ਰਕ੍ਰਿਆ ਭਲਕੇ ਪਹਿਲੀ ਅਪ੍ਰੈਲ ਤੋਂ ਸ਼ੁਰੂ ਹੋਣ ਜਾ ਰਹੀ ਏ । ਇਸ ਖਰੀਦ ਪ੍ਰਕ੍ਰਿਆ ਨੂੰ ਸੁਚਾਰੂ ਬਣਾਉਣ ਲਈ, ਸੂਬਾ ਸਰਕਾਰ ਨੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਨੇ । ਬੀਤੇ ਦਿਨ ਮੁੱਖ ਸਕੱਤਰ ਅਨੁਰਾਗ ਵਰਮਾ ਨੇ, ਇਸ ਬਾਰੇ ਸਾਰੇ ਜ਼ਿਲਿਆਂ ਦੇ ਡਿਪਟੀ ਕਮਿਸ਼ਨਰਾਂ ਨਾਲ ਵੀਡਿਓ ਕਾਨਫਰੰਸ ਰਾਹੀਂ ਪ੍ਰਬੰਧਾ ਦਾ ਜਾਇਜ਼ਾ ਲਿਆ ਸੀ । ਇਸ ਦੌਰਾਨ ਬੀਤੇ ਕੁਝ ਦਿਨਾਂ ਵਿੱਚ ਅਚਾਨਕ ਬਦਲੇ ਮੌਸਮ ਨੇ, ਕਿਸਾਨਾਂ ਨੂੰ ਪਰੇਸ਼ਾਨ ਜਰੂਰ ਕੀਤਾ ਏ ਅਤੇ ਕੁਝ ਥਾਂਵਾਂ ਤੇ ਖੇਤਾਂ ਫ਼ਸਲਾਂ ਨੂੰ ਨੁਕਸਾਨ ਪੁੱਜਿਆ ਏ ।

***ਵੇਰਵੇ ਨਾਲ ਇਹ ਰਿਪੋਰਟ : ਡਿਸਪੈਚ: ਸੂਬੇ ਵਿਚ ਕਿਸਾਨਾਂ ਨੇ ਇਸ ਵਾਰ 35 ਅਸ਼ਰੀਆ 7 ਲੱਖ ਹੈਕਟੇਅਰ ਖੇਤਰ ਵਿੱਚ ਕਣਕ ਦੀ ਬਿਜਾਈ ਕੀਤੀ ਏ ਅਤੇ 161 ਅਸ਼ਰੀਆ 30 ਲੱਖ ਮੀਟ੍ਰਿਕ ਟਨ ਕਣਕ ਦੀ ਪੈਦਾਵਾਰ ਦੀ ਆਸ ਏ । ਖਰੀਦ ਲਈ 30,776 ਅਸ਼ਰੀਆ 36 ਕਰੋੜ ਰੁਪਏ ਦੀ ਨਕਦ ਕਰਜ਼ ਹੱਦ ਦੀ***

ਜਰੂਰਤ ਏ । ਇਸ ਵਿਚੋਂ ਅਪ੍ਰੈਲ ਮਹੀਨੇ ਲਈ 27077.91 ਕਰੋੜ ਰੁਪਏ ਪਹਿਲਾਂ ਹੀ ਮਿਲ ਗਏ ਨੇ ਜਦਕਿ ਮਈ ਮਹੀਨੇ ਲਈ ਬਾਕੀ ਰਕਮ ਵੀ ਛੇਤੀ ਹੀ ਮਿਲ ਜਾਵੇਗੀ । ਪੰਜਾਬ ਮੰਡੀ ਬੋਰਡ ਨੇ ਵੱਖ ਵੱਖ ਜ਼ਿਲਿਆਂ ਵਿੱਚ ਇਕ ਹਜ਼ਾਰ 908 ਨਿਯਮਿਤ ਖਰੀਦ ਕੇਂਦਰ ਸਥਾਪਤ ਕੀਤੇ ਨੇ । ਖਰੀਦ ਏਜੰਸੀਆਂ ਦੀਆਂ ਤਜਵੀਜਾਂ ਅਨੁਸਾਰ ਅਡ ਅਡ ਏਜੇਂਸਿਆ ਨੂੰ ਇਸਦੀ ਅਲਾਟਮੈਂਟ ਕੀਤੀ ਗਈ ਏ । ਸਰਕਾਰ ਨੇ ਸਾਰੇ ਹੀ ਜ਼ਿਲਿਆਂ ਦੇ ਡਿਪਟੀ ਕਮਿਸ਼ਨਰਾਂ ਨੂੰ ਹਦਾਇਤ ਕੀਤੀ ਏ ਕਿ ਖਰੀਦ ਪ੍ਰਕ੍ਰਿਆ ਦੌਰਾਨ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਕੋਈ ਪਰੇਸ਼ਾਨੀ ਪੇਸ਼ ਨਾ ਆਵੇ । ਮੰਡੀਆਂ ਵਿੱਚ ਖਰੀਦ ਪ੍ਰਕ੍ਰਿਆ ਦੇ ਸੁਚਾਰੂ ਪ੍ਰਬੰਧਾਂ ਦੇ ਨਾਲ ਨਾਲ ਬੁਨਿਆਦੀ ਸਹੂਲਤਾਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ ਅਤੇ ਖਰੀਦ ਉਪਰੰਤ ਕਿਸਾਨਾਂ ਨੂੰ ਭੁਗਤਾਨ ਵੀ ਤੁਰੰਤ ਕੀਤਾ ਜਾਵੇ । ਇਸ ਦੌਰਾਨ ਬੀਤੇ ਕੁਝ ਦਿਨਾਂ ਦੌਰਾਨ ਬਦਲੇ ਮੌਸਮ ਨਾਲ ਖੇਤਾਂ ਵਿੱਚ ਕਿਸਾਨਾਂ ਦੀਆਂ ਵੱਖ ਵੱਖ ਫਸਲਾਂ ਤੇ ਕੁਝ ਥਾਵਾਂ ਤੇ ਮਾੜਾ ਅਸਰ ਪਿਆ ਏ । ਤੇਜ ਹਵਾਵਾਂ ਨਾਲ ਕਣਕ ਦੀ ਫ਼ਸਲ ਕੁਝ ਥਾਵਾਂ ਤੇ ਖੇਤਾਂ ਵਿੱਚ ਵਿਛ ਗਈ

***ਏ ਅਤੇ ਕਿਸਾਨ ਸਰਕਾਰ ਤੋਂ ਮੁਆਵਜੇ ਦੀ ਮੰਗ ਕਰ ਰਹੇ ਨੇ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ ।***

---------------------------------------------------

ਜਲੰਧਰ ਲਾਗੇ ਆਦਮਪੁਰ ਏਅਰ ਪੋਰਟ ਤੋਂ ਹਵਾਈ ਉਡਾਣਾਂ ਕੋਈ ਚਾਰ ਸਾਲ ਮਗਰੋਂ ਅੱਜ ਤੋਂ ਸ਼ੁਰੂ ਹੋ ਗਈਆਂ ਨੇ । ਪਹਿਲੀ ਉਡਾਣ ਦੁਪਹਿਰ ਵੇਲੇ ਹਵਾਈ ਅੱਡੇ ਤੇ ਪੁੱਜੀ । ਮਗਰੋਂ ਇਹ ਉਡਾਣ ਨਾਂਦੇੜ ਸਾਹਿਬ ਲਈ ਰਵਾਨਾ ਹੋਈ । ਰਸਤੇ ਵਿੱਚ ਹਿੰਡਨ ਹਵਾਈ ਅੱਡੇ ਤੇ ਇਸਦਾ ਸਟੋਪੇਜ ਹੋਵੇਗਾ ।

---------------------------------------------------

ਇਸ ਦੌਰਾਨ BJP ਦੇ ਬੁਲਾਰੇ ਜੈਵੀਰ ਸ਼ੇਰਗਿੱਲ ਇਸ ਪਹਿਲੀ ਉਡਾਣ ਰਾਹੀਂ ਆਦਮਪੁਰ ਪੁੱਜੇ । ਇਕ ਬਿਆਨ ਵਿੱਚ ਉਨਾਂ ਕਿਹਾ ਕਿ ਦਿੱਲੀ ਐਨ.ਸੀ ਆਰ ਹਿੰਡਨ ਤੋਂ ਆਦਮਪੁਰ ਲਈ ਉਡਾਣ ਸ਼ੁਰੂ ਹੋਣ ਨਾਲ, ਅੱਜ ਦਾ ਦਿਨ ਇੱਕ ਇਤਿਹਾਸਕ ਦਿਨ ਹੋਣ ਦੇ ਨਾਲ-ਨਾਲ ਪੰਜਾਬ ਦੇ ਵਸਨੀਕਾਂ ਖਾਸ ਕਰਕੇ ਦੋਆਬਾ ਜਲੰਧਰ ਅਤੇ ਹਿਮਾਚਲ ਪ੍ਰਦੇਸ਼ ਤੇ ਪੰਜਾਬ ਦੀ ਸਰਹੱਦ ਨਾਲ ਲੱਗਦੇ ਇਲਾਕਿਆਂ ਲਈ ਬਹੁਤ

ਖੁਸ਼ੀ ਦਾ ਮੌਕਾ ਏ। ਉਨ੍ਹਾਂ ਕਿਹਾ ਕਿ ਆਦਮਪੁਰ ਹਵਾਈ ਅੱਡੇ ਦੇ ਨਵੇਂ ਬਣੇ ਟਰਮੀਨਲ ਤੇ ਮੁਸਾਫਰਾਂ ਨੂੰ ਬੇਹਤਰ ਸਹੂਲਤਾਂ ਮਿਲਣਗੀਆਂ।

---------------------------------------------------------

ਭਾਰਤੀ ਫੌਜ ਦੀ ਸਪਤ ਸ਼ਕਤੀ ਕਮਾਂਡ ਦੇ ਬਲੈਕ ਚਾਰਜਰ ਬ੍ਰਿਗੇਡ ਨੇ, ਏਮਸ ਬਠਿੰਡਾ ਦੇ ਸਹਿਯੋਗ ਨਾਲ ਅੱਜ ਤਲਵੰਡੀ ਸਾਬੋ ਵਿਖੇ, ਸੈਨਿਕ ਵੈਟਰਨਜ਼ ਲਈ ਕੈਂਸਰ-ਸਕ੍ਰੀਨਿੰਗ ਤੇ ਮੈਡੀਕਲ ਕੈਂਪ ਲਗਾਇਆ। 'ਰਾਸ਼ਟਰ ਵਾਸਤੇ ਤੁਹਾਡੀ ਸੇਵਾ ਲਈ ਸ਼ੁਕਰਗੁਜ਼ਾਰ' ਥੀਮ ਦੇ ਤਹਿਤ ਸੈਨਿਕਾਂ ਦੁਆਰਾ ਪ੍ਰਦਾਨ ਕੀਤੀ ਗਈ ਯੋਮਨ ਸੇਵਾ ਨੂੰ ਮਾਨਤਾ ਦੇਣ ਲਈ, ਜਰੂਰੀ ਡਾਕਟਰੀ ਸੇਵਾਵਾਂ ਪ੍ਰਦਾਨ ਕਰਨ ਵਾਸਤੇ  ਇਹ ਮੈਡੀਕਲ ਕੈਂਪ ਲਗਾਇਆ ਗਿਆ। ਮੈਡੀਕਲ ਕੈਂਪ ਦਾ ਆਯੋਜਨ ਭਾਰਤੀ ਫੌਜ ਅਤੇ ਏਮਸ, ਬਠਿੰਡਾ ਦੇ ਡਾਕਟਰਾਂ ਦੀ ਇੱਕ ਸਾਂਝੀ ਟੀਮ ਦੁਆਰਾ ਕੀਤਾ ਗਿਆ, ਜਿਸ ਵਿੱਚ ਈ.ਐਨ.ਟੀ, ਸਰਜੀਕਲ ਅਤੇ ਦੰਦਾਂ ਦੀ ਦੇਖਭਾਲ ਦੇ ਖੇਤਰ ਦੇ ਮੈਡੀਕਲ ਮਾਹਿਰ ਸ਼ਾਮਲ ਸਨ। ਡਾਕਟਰੀ ਟੀਮ ਵੱਲੋਂ ਮਾਹਿਰ ਡਾਕਟਰੀ ਸੇਵਾਵਾਂ ਤੋਂ ਇਲਾਵਾ ਵੈਟਰਨਜ਼ ਦੀ ਕੈਂਸਰ ਸਕਰੀਨਿੰਗ ਵੀ ਕੀਤੀ ਗਈ। ਮਾਤਾ ਸਾਹਿਬ ਕਾਲਜ

ਤਲਵੰਡੀ ਸਾਬੋ ਨੇ ਮੈਡੀਕਲ ਟੀਮ ਦੀ ਸਹਾਇਤਾ ਲਈ ਵਿਦਿਆਰਥੀਆਂ ਦੁਆਰਾ ਸਵੈ-ਇੱਛੁਕ ਸੇਵਾ ਸਮੇਤ ਪ੍ਰਬੰਧਕੀ ਸਹਾਇਤਾ ਪ੍ਰਦਾਨ ਕੀਤੀ। ਡਾਇਰੈਕਟੋਰੇਟ ਆਫ ਇੰਡੀਅਨ ਆਰਮੀ ਵੈਟਰਨਜ਼ ਅਤੇ ਸਾਬਕਾ ਸੈਨਿਕ ਯੋਗਦਾਨੀ ਸਿਹਤ ਯੋਜਨਾ ਦੀ ਅਗਵਾਈ ਹੇਠ ਸਾਬਕਾ ਸੈਨਿਕਾ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਵੱਖ-ਵੱਖ ਸਿਹਤ ਨਾਲ ਸਬੰਧਤ ਜਾਗਰੂਕਤਾ ਪ੍ਰੋਗਰਾਮ ਵੀ ਆਯੋਜਿਤ ਕੀਤੇ ਗਏ। 430 ਸਾਬਕਾ ਸੈਨਿਕਾ, ਵੀਰ ਨਾਰੀਆਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨੇ ਇਸ ਸਮਾਗਮ ਵਿੱਚ ਹਿੱਸਾ ਲਿਆ।

---------------------------------------------------

ਫਾਜ਼ਿਲਕਾ ਵਿਖੇ ਭਾਰਤ-ਪਾਕਿਸਤਾਨ ਕੌਮਾਂਤਰੀ ਸਾਦਕੀ ਸਰਹੱਦ 'ਤੇ ਦੋਹਾਂ ਦੇਸ਼ਾਂ ਵਿਚਾਲੇ ਹੋਣ ਵਾਲੇ ਰੀਟਰੀਟ ਸਮਾਗਮ ਦਾ ਸਮਾਂ ਕੱਲ ਪਹਿਲੀ ਅਪ੍ਰੈਲ ਤੋਂ ਬਦਲ ਕੇ ਸ਼ਾਮ ਸਾਢੇ 5 ਵਜੇ ਕਰ ਦਿੱਤਾ ਗਿਆ ਏ। ਪਹਿਲਾ ਇਹ ਸਮਾਂ ਸ਼ਾਮ 5 ਵਜੇ ਦਾ ਸੀ। ਬਾਰਡਰ ਏਰੀਆ ਵਿਕਾਸ ਫਰੰਟ ਦੇ ਪ੍ਰਧਾਨ ਲੀਲਾਧਰ ਸ਼ਰਮਾ ਨੇ ਦੱਸਿਆ ਕਿ ਮੌਸਮ ਵਿੱਚ ਤਬਦੀਲੀ ਕਾਰਨ ਸਮਾਂ ਹੁਣ ਬਦਲਿਆ ਗਿਆ ਏ। ਉਨ੍ਹਾਂ ਦੱਸਿਆ ਕਿ

ਰਿਟਰੀਟ ਸਮਾਗਮ ਦੇਖਣ ਵਾਲੇ ਦਰਸ਼ਕ ਆਪਣੇ ਆਧਾਰ ਕਾਰਡ ਲੈ ਕੇ ਸ਼ਾਮ ਸਵਾ 5 ਵਜੇ ਤੱਕ ਫਾਜ਼ਿਲਕਾ ਦੇ ਸਾਦਕੀ ਬਾਰਡਰ 'ਤੇ ਪਹੁੰਚ ਸਕਦੇ ਨੇ।

---------------------------------------------------

ਪੰਜਾਬ ਅੰਦਰ ਨਸ਼ਿਆਂ ਖਿਲਾਫ ਆਰੰਭੀ ਮੁਹਿੰਮ ਤਹਿਤ ਪੁਲਿਸ ਨੇ ਨਸ਼ੇ ਦੇ ਵੱਡੇ ਤਸਕਰਾਂ ਨੂੰ ਕਾਬੂ ਕਰਨ ਦੀ ਕਵਾਇਤ ਸ਼ੁਰੂ ਕੀਤੀ ਏ ਨਾਲ ਹੀ ਨਸ਼ਾ ਤਸਕਰਾਂ ਵੱਲੋਂ ਜਾਂ ਉਨ੍ਹਾਂ ਦੇ ਪਰਿਵਾਰਾਂ ਅਤੇ ਉਨ੍ਹਾਂ ਦੇ ਕਰੀਬੀਆਂ ਦੀਆਂ ਜਾਇਦਾਦਾਂ ਜ਼ਬਤ ਕੀਤੀਆਂ ਜਾ ਰਹੀਆਂ ਨੇ। ਇਸੇ ਕੜੀ ਤਹਿਤ ਮਾਲੇਰਕੋਟਲਾ ਵਿਖੇ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਕਰਦਿਆ ਕਰੀਬ 4 ਕਰੋੜ 8 ਲੱਖ ਰੁਪਏ ਦੀ ਜਾਇਦਾਦ ਜ਼ਬਤ ਕੀਤੀ ਗਈ ਏ । ਐਸ.ਐਸ.ਪੀ. ਡਾ. ਸਿਮਰਤ ਕੌਰ ਨੇ ਦਸਿਆ ਕਿ ਮਾਲੇਰਕੋਟਲਾ ਪੁਲਿਸ ਨੇ ਨਜਾਇਜ਼ ਕਮਾਈ ਨਾਲ ਖ਼ਰੀਦੀਆਂ ਚੱਲ-ਅਚੱਲ ਜਾਇਦਾਦਾਂ ਨੂੰ ਫਰੀਜ਼ ਕਰਾਰ ਕੀਤਾ ਏ। ਉਨ੍ਹਾਂ ਦੱਸਿਆ ਕਿ ਜਾਂਚ ਬਾਰੇ ਐਸ.ਪੀ ਵੈਭਵ ਸਹਿਗਲ, ਡੀ.ਐਸ.ਪੀ. ਗੁਰਦੇਵ ਸਿੰਘ ਅਤੇ ਪੁਲਿਸ ਟੀਮ ਨੇ 2 ਮੁਲਜ਼ਮਾਂ ਅਕਾਸ਼ਦੀਪ ਸਿੰਗਲਾ ਅਤੇ ਯੋਗੇਸ਼ ਬਾਂਸਲ

ਵੱਲੋਂ ਨਸ਼ੀਲੇ ਪਦਾਰਥਾਂ ਦੇ ਗੈਰ-ਕਾਨੂੰਨੀ ਕਾਰੋਬਾਰ ਰਾਹੀਂ ਇਕੱਠੀ ਕੀਤੀ ਗਈ ਨਜਾਇਜ਼ ਜਾਇਦਾਦ ਦੀ ਬਾਰੀਕੀ ਨਾਲ ਪੜਤਾਲ ਕੀਤੀ। ਪੂਰੀ ਜਾਂਚ ਤੋਂ ਬਾਅਦ 4 ਕਰੋੜ 8 ਲੱਖ 37 ਹਜ਼ਾਰ ਰੁਪਏ ਦੀ ਨਾਜਾਇਜ਼ ਜਾਇਦਾਦ ਨੂੰ ਫਰੀਜ਼ ਕੀਤਾ ਗਿਆ ਏ।

-------------------------------------------------------------

ਲੋਕ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਪੁਲਿਸ ਵੱਲੋਂ ਬਰਨਾਲਾ-ਬਠਿੰਡਾ ਮੁੱਖ ਮਾਰਗ ਤੇ ਸਥਿਤ ਹਾਈਟੈਕ ਨਾਕੇ 'ਤੇ ਆਉਣ ਜਾਣ ਵਾਲੇ ਵਾਹਨਾਂ ਦੀ ਲਗਾਤਾਰ ਬਾਰੀਕੀ ਨਾਲ ਚੈਕਿੰਗ ਜਾਰੀ ਏ। ਇਸੇ ਲੜੀ ਤਹਿਤ ਨਾਕੇ ਦੌਰਾਨ ਦੋ ਵੱਖ-ਵੱਖ ਕਾਰਾਂ ਵਿਚੋਂ ਤਲਾਸ਼ੀ ਲੈਣ ਤੇ ਚਾਂਦੀ ਅਤੇ ਵੱਡੀ ਮਾਤਰਾ 'ਚ ਨਕਦੀ ਬਰਾਮਦ ਕੀਤੀ ਗਈ। ਤਪਾ ਦੇ ਥਾਣਾ ਮੁਖੀ ਕੁਲਜਿੰਦਰ ਸਿੰਘ ਗਰੇਵਾਲ ਨੇ ਦੱਸਿਆ ਕਿ ਪੰਜਾਬ ਪੁਲਿਸ ਦੇ ਜਵਾਨ ਅਤੇ ਨੀਮ ਫੌਜੀ ਬਲਾਂ ਦੇ ਜਵਾਨਾਂ ਨੇ ਬੀਤੀ ਸ਼ਾਮ ਰਾਮਪੁਰਾ ਪਾਸਿਓਂ ਤੋਂ ਆ ਰਹੀ ਇੱਕ ਕਾਰ ਨੂੰ ਰੋਕ ਕੇ ਤਲਾਸ਼ੀ ਲਈ ਤਾਂ ਉਸ ਵਿਚੋਂ 17 ਕਿਲੋ 950 ਗ੍ਰਾਮ ਚਾਂਦੀ ਅਤੇ 60 ਹਜ਼ਾਰ 300 ਰੁਪਏ ਦੀ ਨਕਦੀ ਬਰਾਮਦ ਹੋਈ, ਮਾਲਕ ਵਲੋਂ ਕੋਈ ਵੀ ਪੁਖਤਾ ਸਬੂਤ ਨਾ ਦੇਣ

ਦੀ ਸੂਰਤ 'ਚ ਪੁਲਿਸ ਨੇ ਸਮਾਨ ਨੂੰ ਆਪਣੇ ਕਬਜ਼ੇ 'ਚ ਲੈ ਲਿਆ ਲਿਆ। ਇਸੇ ਤਹਿਤ ਇਕ ਹੋਰ ਮਾਮਲੇ 'ਚ ਅੱਜ ਸਵੇਰ ਸਮੇਂ ਨਾਕਾਬੰਦੀ ਦੌਰਾਨ ਬਠਿੰਡਾ ਤੋਂ ਲੁਧਿਆਣਾ ਜਾ ਰਹੀ ਇੱਕ ਕਾਰ ਨੂੰ ਰੋਕ ਕੇ ਤਲਾਸ਼ੀ ਲਈ ਤਾਂ ਕਾਰ ਸਵਾਰ ਦੋ ਵਿਅਕਤੀਆਂ ਕੋਲੋਂ 5 ਲੱਖ 20 ਹਜਾਰ ਰੁਪਏ ਦੀ ਨਗਦੀ ਬਰਾਮਦ ਹੋਈ।

---------------------------------------------------------------

ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਪਿਛਲੀਆਂ ਚੋਣਾਂ ਵਿਚ ਘੱਟ ਵੋਟ ਫੀਸਦੀ ਵਾਲੇ ਖੇਤਰਾਂ ਦੀ ਸ਼ਨਾਖ਼ਤ ਕਰਨ ਮਗਰੋਂ ਇਨ੍ਹਾਂ ਖੇਤਰਾਂ ਦੇ ਚੋਣ ਬੂਥਾਂ ਵਿੱਚ ਇਸ ਵਾਰ ਵੋਟ ਫੀਸਦੀ ਵਧਾਉਣ ਲਈ ਜ਼ਿਲ੍ਹਾ ਚੋਣ ਅਫਸਰ ਆਸ਼ਿਕਾ ਜੈਨ ਦੀ ਅਗਵਾਈ ਵਿਚ ਲਗਾਤਾਰ ਸਵੀਪ ਗਤੀਵਿਧੀਆਂ ਉਲੀਕੀਆਂ ਜਾ ਰਹੀਆਂ ਨੇ। ਜ਼ਿਲ੍ਹਾ ਸਵੀਪ ਨੋਡਲ ਅਫਸਰ ਪ੍ਰੋ. ਗੁਰਬਖਸ਼ੀਸ਼ ਸਿੰਘ ਅਨਟਾਲ ਅਤੇ ਚੋਣ ਤਹਿਸੀਲਦਾਰ ਸੰਜੇ ਕੁਮਾਰ ਵੱਲੋਂ ਸੋਸ਼ਲ ਲਾਈਫ਼ ਹੈਲਪ ਐਂਡ ਕੇਅਰ ਫਾਊਂਡੇਸ਼ਨ ਦੇ ਸਹਿਯੋਗ ਨਾਲ 'ਮੈਟਰੋ ਟਰੇਡ ਸੈਂਟਰ ਵੀ ਆਈ ਪੀ ਰੋਡ ਜ਼ੀਰਕਪੁਰ' ਵਿਖੇ ਵੋਟਰ ਰਜਿਸਟਰੇਸ਼ਨ ਅਤੇ ਵੋਟਰ ਜਾਗਰੂਕਤਾ ਕੈਂਪ

ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਦੌਰਾਨ ਵੋਟਰ ਹੈਲਪਲਾਈਨ ਐਪ, ਦਿਵਿਆਂਗਜਨ ਲਈ ਸਕਸ਼ਮ ਐਪ ਅਤੇ ਜਾਗਰੂਕ ਅਤੇ ਚੇਤੰਨ ਵੋਟਰਾਂ ਲਈ ਸੀ. ਵੀਜਲ ਐਪ ਬਾਰੇ ਜਾਣਕਾਰੀ ਦਿੱਤੀ ਗਈ ।

---------------------------------------------------------------

ਡੇਰਾ ਬਾਬਾ ਨਾਨਕ ਦੇ ਸਰਹੱਦੀ ਪਿੰਡ ਧਰਮਕੋਟ ਰੰਧਾਵਾ ਪੁਲਿਸ ਚੌਕੀ ਵਿੱਚ ਜਨਤਕ ਮੀਟਿੰਗ ਕੀਤੀ ਗਈ, ਮੀਟਿੰਗ ਦੌਰਾਨ ਐਸ.ਪੀ ਹੈਡਕੁਆਟਰ ਨੇ ਸਰਹੱਦੀ ਇਲਾਕੇ ਦੇ ਲੋਕਾਂ ਕੋਲੋਂ ਨਸ਼ਾ ਤਸਕਰਾਂ ਅਤੇ ਭੈੜੇ ਅੰਸਰਾਂ ਤੇ ਕਾਬੂ ਪਾਉਣ ਲਈ ਸਹਿਯੋਗ ਮੰਗਿਆ ਅਤੇ ਸਮਾਜ ਵਿੱਚ ਹੋਰ ਫੈਲੀਆਂ ਕੁਰੀਤੀਆਂ ਨੂੰ ਖਤਮ ਕਰਨ ਲਈ ਸੁਝਾਅ ਲਏ ਗਏ। ਇਲਾਕੇ ਦੇ ਲੋਕਾਂ ਨੇ ਪੁਲਿਸ ਦੇ ਇਸ ਸਲਾਘਾਯੋਗ ਉਪਰਾਲੇ ਦੀ ਸਲਾਘਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੀਆਂ ਮੀਟਿੰਗਾਂ ਕਰਨ ਨਾਲ ਇਲਾਕੇ ਵਿੱਚ ਅਪਰਾਧ ਘਟੇਗਾ ਤੇ ਨੌਜਵਾਨ ਸਿੱਧੇ ਰਸਤੇ ਤੇ ਪੈਣਗੇ। ਐਸ ਪੀ ਹੈਡ ਕੁਆਰਟਰ ਜਸਵੰਤ ਕੌਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਵੱਖ-ਵੱਖ ਥਾਣਿਆਂ ਅੰਦਰ ਪੈਂਦੇ ਵੱਖ ਵੱਖ ਪਿੰਡਾਂ ਵਿੱਚ ਦਿਹਾਤੀ ਦੌਰੇ ਦੌਰਾਨ ਉਥੋਂ ਦੇ ਮੋਹਤਬਰ ਆਗੂਆਂ ਨਾਲ ਮੀਟਿੰਗ ਕਰਕੇ ਮਾੜੇ ਅਨਸਰਾਂ ਬਾਰੇ

ਜਾਣਕਾਰੀ ਹਾਸਿਲ ਕੀਤੀ ਜਾਂਦੀ ਏ ਤੇ ਜੇ ਕੋਈ ਉਹਨਾਂ ਨੂੰ ਕੋਈ ਮੁਸ਼ਕਿਲ ਹੁੰਦੀ ਏ, ਤਾਂ ਉਸ ਦਾ ਤੁਰੰਤ ਹੱਲ ਕੀਤਾ ਜਾਂਦਾ ਏ । ਉਹਨਾਂ ਦੱਸਿਆ ਕਿ ਮਾੜੇ ਅਨਸਰਾਂ ਦੀ ਇਤਲਾਹ ਦੇਣ ਵਾਲੇ ਹਰੇਕ ਵਿਅਕਤੀ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ ।

---------------------------------------------------

**ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਸਾਬਕਾ ਉਪ-ਪ੍ਰਧਾਨ ਮੰਤਰੀ ਲਾਲ ਕ੍ਰਿਸ਼ਨ ਅਡਵਾਨੀ ਨੂੰ, ਦੇਸ਼ ਦੇ ਸਰਵਉੱਚ ਨਾਗਰਿਕ ਸਨਮਾਨ 'ਭਾਰਤ ਰਤਨ' ਨਾਲ ਸਨਮਾਨਿਤ ਕੀਤਾ।
- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਸੁਤੰਤਰ ਤੇ ਨਿਰਪੱਖ ਚੋਣਾਂ ਕਰਾਉਣ ਵਿੱਚ ਮੀਡੀਆ ਨੂੰ ਸਹਿਯੋਗ ਦਾ ਸੱਦਾ ਦਿੱਤਾ ।
- ਪੰਜਾਬ ਵਿੱਚ ਹਾੜੀ ਫ਼ਸਲ ਦੇ ਖਰੀਦ ਸੀਜ਼ਨ ਲਈ, ਕਣਕ ਦੀ ਖਰੀਦ ਪ੍ਰਕ੍ਰਿਆ ਭਲਕੇ ਪਹਿਲੀ ਅਪ੍ਰੈਲ ਤੋਂ ਸ਼ੁਰੂ ।

- ਜਲੰਧਰ ਲਾਗੇ ਆਦਮਪੁਰ ਏਅਰ ਪੋਰਟ ਤੋਂ ਹਵਾਈ ਉਡਾਣਾਂ ਕੋਈ ਚਾਰ ਸਾਲ ਮਗਰੋਂ, ਅੱਜ ਤੋਂ ਸ਼ੁਰੂ ਹੋਈਆਂ ।